# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :13-07-2026**

ਪੰਚਾਇਤੀ ਰਾਜ ਮੰਤਰਾਲੇ ਦੇ ਸਕੱਤਰ ਵਿਵੇਕ ਭਾਰਦਵਾਜ ਨੇ ਅੱਜ ਦੇਸ਼ ਨੂੰ ਪਾਣੀ ਦੇ ਪ੍ਰਬੰਧ ਵਿੱਚ ਆਤਮਨਿਰਭਰ ਬਣਾਉਣ ਲਈ ਸਮੂਹਿਕ ਯਤਨਾਂ ਦੀ ਲੋੜ 'ਤੇ ਜ਼ੋਰ ਦਿੱਤਾ ਏ । ਉਹ ਨਵੀਂ ਦਿੱਲੀ ਵਿੱਚ ਗ੍ਰਾਮ ਪੰਚਾਇਤਾਂ ਵਲੋਂ ਪਾਣੀ ਦੇ ਪ੍ਰਬੰਧ ਅਤੇ ਜਲ ਸੁਰੱਖਿਆ ਯੋਜਨਾ 'ਤੇ ਕਰਾਏ ਗਏ ਮੁੱਖ ਟ੍ਰੇਨਰਾਂ ਦੀ ਰਾਸ਼ਟਰੀ ਪੱਧਰ ਦੀ ਸਿਖਲਾਈ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਸ਼੍ਰੀ ਭਾਰਦਵਾਜ ਨੇ ਕਿਹਾ ਕਿ ਉਸਾਰੂ ਤਬਦੀਲੀ ਤਾਂ ਹੀ ਸੰਭਵ ਏ ਜਦੋਂ ਹਰ ਕੋਈ ਇੱਕ ਸਾਂਝੇ ਟੀਚੇ ਵੱਲ ਰਲ ਕੇ ਕੰਮ ਕਰੇ। ਇਸ ਪਹਿਲਕਦਮੀ ਨੂੰ ਇੱਕ ਮਹੱਤਵਪੂਰਨ ਕਦਮ ਦੱਸਦਿਆਂ ਉਨ੍ਹਾਂ ਕਿਹਾ ਕਿ ਮੰਤਰਾਲਾ ਕਰੀਬ ਡੇਢ ਸਾਲਾਂ ਤੋਂ ਇਸ 'ਤੇ ਕੰਮ ਕਰ ਰਿਹਾ ਏ । ਉਨ੍ਹਾਂ ਨੇ ਹਿੱਸੇਦਾਰਾਂ ਨੂੰ ਸਿਖਲਾਈ ਪ੍ਰੋਗਰਾਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਪਾਣੀ ਨਾਲ ਸੰਬੰਧਿਤ ਪਹਿਲਕਦਮੀਆਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਲਾਗੂ ਕਰਕੇ ਪ੍ਰਾਪਤ ਗਿਆਨ ਨੂੰ ਵਰਤੋਂ ‘ਚ ਲਿਆਉਣ ਦੀ ਅਪੀਲ ਕੀਤੀ ।

---

ਪੰਜਾਬ ਸਰਕਾਰ ਨੇ ਅੱਜ ਮੁਹਾਲੀ ਵਿਖੇ ਵਣ ਵਿਭਾਗ ਦੇ 516 ਕੱਚੇ ਵਰਕਰਾਂ ਅਤੇ ਡਰਾਈਵਰਾਂ ਨੂੰ ਪੱਕਾ ਕਰਨ ਦੇ ਨਿਯੁਕਤੀ ਪੱਤਰ ਸੌਂਪੇ। ਮੁਖ ਮੰਤਰੀ ਭਗਵੰਤ ਸਿੰਘ ਮਾਨ ਨਿਯੁਕਤੀ ਪੱਤਰ ਵੰਡਣ ਦੇ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਅਤੇ ਉਹਨਾਂ ਨਾਲ ਵਣ ਵਿਭਾਗ ਦੇ ਮੰਤਰੀ ਲਾਲ਼ ਚੰਦ ਕਟਾਰੁਚਕ ਅਤੇ ਮੁੱਖ ਵਣਪਾਲ ਧਰਮੇਂਦਰ ਸ਼ਰਮਾ ਵੀ ਨਾਲ ਹਾਜ਼ਿਰ ਸਨ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਮਿਸ਼ਨ ਆਰੰਭ' ਡਿਜੀਟਲ ਪਲੇਟਫਾਰਮਾਂ ਰਾਹੀਂ ਮਾਪਿਆਂ ਅਤੇ ਆਂਗਣਵਾੜੀ ਵਰਕਰਾਂ ਨੂੰ ਇੱਕ ਦੂਜੇ ਦੇ ਨੇੜੇ ਲਿਆ ਕੇ ਮੁਢਲੀ ਬਾਲ ਅਵਸਥਾ ਦੀ ਸਿੱਖਿਆ ਵਿੱਚ ਵੱਡੀ ਤਬਦੀਲੀ ਲਿਆ ਰਿਹਾ ਏ। ਕੈਬਨਿਟ ਮੰਤਰੀ ਨੇ ਦੱਸਿਆ ਕਿ 'ਪ੍ਰਥਮ' ਅਤੇ 'ਰੌਕੇਟ ਲਰਨਿੰਗ' ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ 'ਮਿਸ਼ਨ ਆਰੰਭ' ਪੰਜਾਬ ਭਰ ਵਿੱਚ ਵਟਸਐਪ-ਆਧਾਰਿਤ 'ਘਰ ਬੈਠੇ ਸਿੱਖਣ' ਦੇ ਪ੍ਰੋਗਰਾਮ ਰਾਹੀਂ 1 ਲਖ 60 ਹਜ਼ਾਰ ਤੋਂ ਵੱਧ ਮਾਪਿਆਂ ਤੱਕ ਪਹੁੰਚ ਚੁੱਕਾ ਏ। ਪਰਿਵਾਰਾਂ ਨੂੰ ਸਿੱਧੇ ਤੌਰ 'ਤੇ ਸਰਲ, ਦਿਲਚਸਪ ਅਤੇ ਉਮਰ ਮੁਤਾਬਿਕ ਸਿੱਖਣ ਦੀਆਂ

ਗਤੀਵਿਧੀਆਂ ਪ੍ਰਦਾਨ ਕਰਕੇ, ਇਹ ਪਹਿਲਕਦਮੀ ਮਾਪਿਆਂ ਨੂੰ ਘਰ ਵਿੱਚ ਹੀ ਆਪਣੇ ਬੱਚਿਆਂ ਦੀ ਸਿੱਖਿਆ ਅਤੇ ਵਿਕਾਸ ਵਿੱਚ ਸਰਗਰਮੀ ਨਾਲ ਸਹਿਯੋਗ ਕਰਨ ਦੇ ਯੋਗ ਬਣਾ ਰਹੀ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਨੇ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਨੂੰ ਸਫ਼ਲਤਾ ਨਾਲ ਆਪਣੇ ਘੇਰੇ ਵਿੱਚ ਲਿਆ ਏ ਅਤੇ ਵਿਸ਼ੇਸ਼ ਵਟਸਐਪ ਗਰੁੱਪਾਂ ਰਾਹੀਂ 26 ਹਜ਼ਾਰ 209 ਆਂਗਣਵਾੜੀ ਵਰਕਰਾਂ ਨੂੰ ਜੋੜਿਆ ਏ । ਕਰੀਬ 70 ਫੀਸਦੀ ਆਂਗਣਵਾੜੀ ਵਰਕਰ ਇਸ ਪਲੇਟਫਾਰਮ 'ਤੇ ਸਰਗਰਮੀ ਨਾਲ ਜੁੜੇ ਹੋਏ ਨੇ, ਜਦੋਂ ਕਿ ਕਰੀਬ 35 ਫੀਸਦੀ ਨੇ ਆਪਣੀ ਸ਼ਾਨਦਾਰ ਹਿੱਸੇਦਾਰੀ ਅਤੇ ਨਿਰੰਤਰ ਕਾਰਗੁਜ਼ਾਰੀ ਲਈ 'ਗੋਲਡ ਮੈਡਲ' ਜਾਂ 'ਸੁਪਰਸਟਾਰ ਆਂਗਣਵਾੜੀ ਵਰਕਰ' ਵਜੋਂ ਮਾਨਤਾ ਪ੍ਰਾਪਤ ਕੀਤੀ ਏ । ਉਨ੍ਹਾਂ ਦੱਸਿਆ ਕਿ ਮਾਪਿਆਂ ਨੂੰ ਵਟਸਐਪ ਰਾਹੀਂ ਹਫ਼ਤਾਵਾਰੀ ਗਤੀਵਿਧੀ ਕੈਲੰਡਰ, ਰੋਜ਼ਾਨਾ ਸਿੱਖਣ ਵਾਲੀਆਂ ਵੀਡੀਓਜ਼, ਇੰਟਰਐਕਟਿਵ ਕੁਇਜ਼ ਅਤੇ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਸਿੱਖਣ ਸਮੱਗਰੀ ਮਿਲਦੀ ਏ , ਜਿਸ ਨਾਲ ਘਰ ਵਿੱਚ ਬੱਚਿਆਂ ਨੂੰ ਸਿਖਾਉਣਾ ਮਾਪਿਆਂ ਲਈ ਸਰਲ, ਮਜ਼ੇਦਾਰ ਅਤੇ ਪ੍ਰਭਾਵਸ਼ਾਲੀ ਬਣ ਜਾਂਦਾ ਏ .

-----------------------------------------------------------

ਸੂਬੇ ਵਿੱਚ ਚੱਲ ਰਹੀ ਮੁਹਿੰਮ ’ਗੈਂਗਸਟਰਾਂ 'ਤੇ ਵਾਰ’ ਦੇ 173ਵੇਂ ਦਿਨ ਪੰਜਾਬ ਪੁਲਿਸ ਨੇ ਕਲ੍ਹ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 1074 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਏ ਕਿ ‘ਗੈਂਗਸਟਰਾਂ ‘ਤੇ ਵਾਰ’- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਏ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਨੇ. 173ਵੇਂ ਦਿਨ ਪੁਲਿਸ ਟੀਮਾਂ ਨੇ 6 ਹਥਿਆਰਾਂ ਸਮੇਤ 911 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 47 ਹਜ਼ਾਰ 685 ਹੋ ਗਈਆਂ। ਇਸ ਤੋਂ ਇਲਾਵਾ 510 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 19 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਏ । ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93-946-93-946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਦੀ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਨੇ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਨੇ.

---------------------------------------------------

ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 498ਵੇਂ ਦਿਨ ਵੀ ਜਾਰੀ ਰੱਖਦਿਆਂ, ਕਲ੍ਹ 69 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 829 ਗ੍ਰਾਮ ਹੈਰੋਇਨ, 565 ਨਸ਼ੀਲੀਆਂ ਗੋਲੀਆਂ ਅਤੇ 5 ਹਜ਼ਾਰ 250 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 498 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 73,ਹਜ਼ਾਰ 505 ਹੋ ਗਈ ਏ ।

---------------------------------------------------

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਫੈਲ ਰਹੇ ਇੱਕ ਗੂਗਲ ਫਾਰਮ ਦਾ ਖੰਡਨ ਕੀਤਾ ਏ ਜਿਸ ਵਿੱਚ ਡਾਕਟਰਾਂ ਅਤੇ ਹੋਰ ਪੇਸ਼ੇਵਰਾਂ ਲਈ ਇੰਟਰਨਸ਼ਿਪ ਦੀ ਪੇਸ਼ਕਸ਼ ਕਰਨ ਦਾ ਝੂਠਾ ਦਾਅਵਾ ਕੀਤਾ ਗਿਆ ਸੀ। ਇੰਟਰਨਸ਼ਿਪ ਨੂੰ ਕਥਿਤ ਤੌਰ 'ਤੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਮੰਤਰਾਲੇ ਅਤੇ ਕਾਰਪੋਰੇਟ ਮਾਮਲਿਆਂ ਬਾਰੇ ਮੰਤਰਾਲੇ ਵਲੋਂ ਮਨਜ਼ੂਰੀ ਦਿੱਤੀ ਗਈ ਸੀ। ਪ੍ਰੈਸ ਸੂਚਨਾ ਬਿਊਰੋ (PIB) ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਸਪੱਸ਼ਟ ਕੀਤਾ ਏ ਕਿ ਇਹ ਦਾਅਵਾ ਝੂਠਾ ਏ ।

---------------------------------------------------